# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 21-03-2026**

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ ਕਿ ਉਨ੍ਹਾਂ ਪੰਜਾਬ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਇੱਕ ਅਧਿਕਾਰੀ ਦੀ ਖੁਦਕੁਸ਼ੀ ਨਾਲ ਜੁੜੇ ਵਿਵਾਦ ਤੋਂ ਬਾਅਦ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਤੋਂ ਅਸਤੀਫਾ ਲੈ ਲਿਆ ਏ। ਸਬੰਧਤ ਅਧਿਕਾਰੀ ਦੀ ਮੌਤ 'ਤੇ ਦੁੱਖ ਪ੍ਰਗਟ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਏ ਕਿ ਇਸ ਸਬੰਧੀ ਨਿਰਪੱਖ ਜਾਂਚ ਦੇ ਹੁਕਮ ਦੇ ਦਿੱਤੇ ਗਏ ਨੇ। **Byte**

-----------------------------------------------------------------------------

ਪੰਜਾਬ ਪੁਲਿਸ ਨੇ 10 ਹਜ਼ਾਰ ਤੋਂ ਵੱਧ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਏ ਤੇ ਉਨ੍ਹਾਂ ਦੀ ਡਰੱਗ ਮਨੀ ਨਾਲ ਬਣਾਈ 772 ਕਰੋੜ ਰੁਪਏ ਤੋਂ ਵੱਧ ਦੀ ਜਾਇਦਾਦ ਜ਼ਬਤ ਕੀਤੀ ਏ ਜਾਂ ਢਾਹੀ ਏ। ਪੁਲਿਸ ਨੇ ਪਿਛਲੇ ਚਾਰ ਸਾਲਾਂ ਵਿੱਚ ਸੂਬੇ ਵਿੱਚ ਵੱਖ-ਵੱਖ ਅਪਰਾਧਾਂ ਵਿਚ ਅਪਰਾਧੀਆਂ ਦੁਆਰਾ ਵਰਤੇ ਗਏ 2267 ਹਥਿਆਰ ਤੇ 650 ਤੋਂ ਵੱਧ ਵਾਹਨ ਵੀ ਬਰਾਮਦ ਕੀਤੇ ਨੇ। ਇਸ ਤੋਂ ਇਲਾਵਾ 5600 ਕਿਲੋ ਤੋਂ ਵੱਧ ਹੈਰੋਇਨ ਵੀ

ਜ਼ਬਤ ਕੀਤੀ ਗਈ ਏ । ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤੋਂ ਪਹਿਲਾਂ ਤੇ ਬਾਅਦ ਵਿੱਚ ਅਪਰਾਧੀਆਂ ਵਿਰੁੱਧ ਕਾਰਵਾਈ ਤੇ ਕਾਨੂੰਨ ਵਿਵਸਥਾ ਦੀ ਸਥਿਤੀ ਬਾਰੇ ਵੇਰਵੇ ਸਾਂਝੇ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਇੱਕ ਪ੍ਰੈਸ ਕਾਨਫਰੰਸ ਵਿਚ ਦੱਸਿਆ ਕਿ ਸੂਬੇ ਨੇ ਅਪਰਾਧੀਆਂ ਵਿਰੁੱਧ ਜ਼ੀਰੋ ਟਾਲਰੈਂਸ ਨੀਤੀ ਅਪਣਾਈ ਏ ਤੇ ਕਿਸੇ ਨੂੰ ਵੀ ਬਖਸ਼ਿਆ ਨਹੀਂ ਜਾਵੇਗਾ। **BYTE.**

ਮੁੱਖ ਮੰਤਰੀ ਨੇ ਕਿਹਾ ਕਿ 54 ਕਰੋੜ 47 ਲੱਖ ਰੁਪਏ ਦੀ ਡਰੱਗ ਮਨੀ ਵੀ ਬਰਾਮਦ ਕੀਤੀ ਗਈ ਏ । ਉਨ੍ਹਾਂ ਕਿਹਾ ਕਿ ਐਂਟੀ-ਗੈਂਗਸਟਰ ਟਾਸਕ ਫੋਰਸ (AGTF) ਦਾ ਗਠਨ ਕਰਨ ਤੋਂ ਬਾਅਦ, ਸੂਬੇ ਵਿੱਚ 2 ਹਜ਼ਾਰ 858 ਗੈਂਗਸਟਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਏ ਤੇ ਗੈਂਗਸਟਰਾਂ ਦੇ 1100 ਗਿਰੋਹ ਦਾ ਪਰਦਾਫਾਸ਼ ਕੀਤਾ ਗਿਆ ਏ । ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵਿਦੇਸ਼ਾਂ ਤੋਂ ਕੰਮ ਕਰ ਰਹੇ ਗੈਂਗਸਟਰਾਂ ਨੂੰ ਗ੍ਰਿਫ਼ਤਾਰ ਕਰਨ ਲਈ ਕੇਂਦਰੀ ਗ੍ਰਹਿ ਮੰਤਰਾਲੇ ਤੋਂ ਵੀ ਮਦਦ ਲੈ ਰਹੀ ਏ। ਉਨ੍ਹਾਂ ਕਿਹਾ ਕਿ ਪੰਜਾਬ ਭਰ ਦੇ ਪੁਲਿਸ ਥਾਣਿਆਂ ਨੂੰ ਨਵੇਂ ਵਾਹਨਾਂ ਤੇ ਲੋੜੀਂਦੀ ਤਕਨਾਲੋਜੀ ਨਾਲ ਅਪਗ੍ਰੇਡ ਕੀਤਾ ਗਿਆ ਏ । ਓਹਨਾ ਏਹ ਵੀ ਦੱਸਿਆ ਕਿ ਪੰਜਾਬ ਪੁਲਿਸ ਦੀ ਸੜਕ ਸੁਰਖਿਆ ਫੋਰਸ (SSF) ਨੇ ਫਰਵਰੀ 2024 ਤੋਂ ਜਨਵਰੀ 2026 ਤੱਕ ਪਿਛਲੇ ਦੋ ਸਾਲਾਂ

ਵਿੱਚ 43000 ਤੋਂ ਵੱਧ ਸੜਕ ਹਾਦਸਿਆਂ ਵਿੱਚ 47000 ਤੋਂ ਵੱਧ ਲੋਕਾਂ ਦੀ ਮਦਦ ਕੀਤੀ ਏ ਅਤੇ ਸੁਨਹਿਰੀ ਸਮੇਂ ਦੌਰਾਨ ਲਗਭਗ 20,000 ਹਾਦਸੇ ਪੀੜਤਾਂ ਨੂੰ ਮੁੱਢਲੀ ਸਹਾਇਤਾ ਪ੍ਰਦਾਨ ਕੀਤੀ ਏ ਤਾਂ ਜੋ ਉਨ੍ਹਾਂ ਦਾ ਇਲਾਜ ਕੀਤਾ ਜਾ ਸਕੇ।

--------------------------------------------------------------------------------

ਸਰਕਾਰ ਨੇ ਦਰਾਮਦਾਂ ਵਧਾ ਕੇ ਦੇਸ਼ ਭਰ ਵਿੱਚ ਖਾਦਾਂ ਦੀ ਢੁਕਵੀਂ ਅਤੇ ਸਮੇਂ ਸਿਰ ਉਪਲਬਧਤਾ ਨੂੰ ਯਕੀਨੀ ਬਣਾਇਆ ਏ। ਰਸਾਇਣ ਅਤੇ ਖਾਦ ਮੰਤਰਾਲੇ ਨੇ ਪਿਛਲੇ ਸਾਲ ਦੀ ਇਸੇ ਮਿਆਦ ਦੇ ਮੁਕਾਬਲੇ ਮੌਜੂਦਾ ਮਾਲੀ ਸਾਲ ਵਿੱਚ ਦਰਾਮਦਾਂ ਵਿੱਚ ਮਹੱਤਵਪੂਰਨ ਵਾਧਾ ਦਰਜ ਕੀਤਾ ਏ। ਯੂਰੀਆ ਦੀ ਦਰਾਮਦ 48 ਲਖ ਟਨ ਤੋਂ ਵਧ ਕੇ 89 ਲਖ ਟਨ ਹੋ ਗਈ ਏ, ਜਦੋਂ ਕਿ ਡਾਈ-ਅਮੋਨੀਅਮ ਫਾਸਫੇਟ ਦੀ ਦਰਾਮਦ 43 ਲਖ ਟਨ ਤੋਂ ਵਧ ਕੇ 60 ਲਖ ਟਨ ਹੋ ਗਈ ਏ।

--------------------------------------------------------------------------------

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਏ ਕਿ ਜਲੰਧਰ ਜ਼ਿਲ੍ਹੇ ਦੇ ਡੇਰਾ ਸੱਚਖੰਡ ਬੱਲਾਂ ਨੇੜੇ ਬਣਨ ਵਾਲੇ ਸ੍ਰੀ ਗੁਰੂ ਰਵਿਦਾਸ ਬਾਣੀ ਅਧਿਐਨ ਸੈਂਟਰ ਦਾ ਨਿਰਮਾਣ ਕਾਰਜ ਜਲਦ ਹੀ ਸ਼ੁਰੂ ਹੋ ਜਾਵੇਗਾ। ਡੇਰਾ ਸੱਚਖੰਡ ਬੱਲਾਂ ਦੇ ਦੌਰੇ ਦੌਰਾਨ ਉਨ੍ਹਾਂ ਜਾਣਕਾਰੀ ਦਿੱਤੀ ਕਿ ਇਸ

ਪ੍ਰੋਜੈਕਟ ਨੂੰ ਨੇਪਰੇ ਚਾੜ੍ਹਨ ਲਈ ਪੰਜਾਬ ਸਰਕਾਰ ਨੇ ਪਿੰਡ ਨੌਗੱਜਾ ਤੇ ਫਰੀਦਪੁਰ ਵਿੱਚ 10.50 ਏਕੜ ਜ਼ਮੀਨ ਲੈ ਲਈ ਏ । ਉਨ੍ਹਾਂ ਅੱਗੇ ਦੱਸਿਆ ਕਿ ਲੇਆਊਟ ਪਲਾਨ ਨੂੰ ਡੇਰੇ ਦੇ ਮੌਜੂਦਾ ਮੁਖੀ ਸੰਤ ਨਿਰੰਜਨ ਦਾਸ ਵੱਲੋਂ ਰਸਮੀ ਸਹਿਮਤੀ ਦੇ ਦਿੱਤੀ ਗਈ ਏ , ਜਿਸ ਨਾਲ ਵਿਕਾਸ ਦੇ ਅਗਲੇ ਪੜਾਅ ਦਾ ਰਾਹ ਪੱਧਰਾ ਹੋ ਗਿਆ ਏ । ਉਨ੍ਹਾਂ ਕਿਹਾ, “ਟੈਂਡਰ ਪ੍ਰਕਿਰਿਆ ਜਲਦੀ ਮੁਕੰਮਲ ਕਰ ਲਈ ਜਾਵੇਗੀ ਤਾਂ ਜੋ ਪ੍ਰੋਜੈਕਟ ਦੀ ਉਸਾਰੀ ਰਸਮੀ ਤੌਰ ’ਤੇ ਸ਼ੁਰੂ ਕੀਤੀ ਜਾ ਸਕੇ ।

---------------------------------------------------------------------------

ਬਿਜਲੀ ਤੇ ਸਥਾਨਕ ਸਰਕਾਰਾਂ ਮੰਤਰੀ ਸੰਜੀਵ ਅਰੋੜਾ ਨੇ ਲੁਧਿਆਣਾ ਵਿੱਚ ਲਗਭਗ 1.74 ਕਰੋੜ ਦੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕਰਦਿਆਂ ਕਿਹਾ ਕਿ ਜ਼ਿਲੇ ਭਰ ਵਿੱਚ ਉੱਚ ਗੁਣਵੱਤਾ ਵਾਲੇ ਬੁਨਿਆਦੀ ਢਾਂਚੇ ਨੂੰ ਵਿਕਸਤ ਕੀਤਾ ਜਾ ਰਿਹਾ ਏ । ਕੈਬਨਿਟ ਮੰਤਰੀ ਨੇ ਅੱਗੇ ਕਿਹਾ ਕਿ ਉਹ ਸੂਬੇ ਭਰ ਵਿੱਚ ਬਿਜਲੀ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਲਈ ਵਿਆਪਕ ਪ੍ਰੋਜੈਕਟ ਵੀ ਲਿਆ ਰਹੇ ਨੇ । ਉਹਨਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਲੋਕ-ਕੇਂਦ੍ਰਿਤ ਪ੍ਰੋਜੈਕਟ ਸ਼ੁਰੂ ਕੀਤੇ ਜਾ ਰਹੇ ਨੇ ਤੇ ਨਿਵਾਸੀਆਂ ਤੋਂ ਵੀ ਫੀਡਬੈਕ ਲਿਆ ਜਾ ਰਿਹਾ ਏ ।

---------------------------------------------------------------------------

ਪੰਜਾਬ ਰਾਜ ਪੱਛੜੀਆਂ ਸ਼੍ਰੇਣੀਆਂ ਕਮਿਸ਼ਨ ਦੇ ਚੇਅਰਮੈਨ ਮਲਕੀਤ ਸਿੰਘ ਥਿੰਦ ਨੇ ਕਿਹਾ ਏ ਕਿ ਪੰਜਾਬ ਸਰਕਾਰ ਪੱਛੜੀਆਂ ਸ਼੍ਰੇਣੀਆਂ ਦੀ ਸਮਾਜਿਕ ਤੇ ਆਰਥਿਕ ਤਰੱਕੀ ਲਈ ਪੂਰੀ ਤਰ੍ਹਾਂ ਵਚਨਬੱਧ ਏ।ਪੱਛੜੀਆਂ ਸ਼੍ਰੇਣੀਆਂ ਲਈ ਨਵ ਗਠਿਤ 11 ਬੋਰਡਾਂ ਦੇ ਚੇਅਰਮੈਨ, ਵਾਈਸ ਚੇਅਰਮੈਨ ਤੇ ਮੈਂਬਰਾਂ ਨਾਲ ਮੀਟਿੰਗ ਦੌਰਾਨ ਉਨ੍ਹਾਂ ਦੱਸਿਆ ਕਿ ਸਮਾਜਿਕ ਨਿਆਂ, ਅਧਿਕਾਰਤਾ ਤੇ ਘੱਟ ਗਿਣਤੀ ਵਿਭਾਗ ਦੇ ਸਹਿਯੋਗ ਨਾਲ ਪਹਿਲਾਂ ਹੀ ਕਈ ਭਲਾਈ ਕਾਰਜ ਕੀਤੇ ਜਾ ਰਹੇ ਨੇ ਤੇ ਹੁਣ ਨਵੇਂ ਬੋਰਡਾਂ ਦੀ ਸਥਾਪਨਾ ਨਾਲ ਇਹ ਯਤਨ ਹੋਰ ਮਜ਼ਬੂਤ ਹੋਣਗੇ । ਮੀਟਿੰਗ ਦੌਰਾਨ ਅਧਿਕਾਰੀਆਂ ਵਲੋਂ ਜਾਣਕਾਰੀ ਦਿੱਤੀ ਗਈ ਕਿ ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ ‘ਤੇ ਕਮਜ਼ੋਰ ਵਰਗਾਂ ਨੂੰ ਸਵੈ-ਰੋਜ਼ਗਾਰ ਲਈ ਘੱਟ ਵਿਆਜ ਦਰਾਂ ‘ਤੇ ਕਰਜ਼ੇ ਮੁਹੱਈਆ ਕਰਵਾਏ ਜਾਂਦੇ ਨੇ । ਇਸ ਤਹਿਤ ਕਰਿਆਨੇ ਦੀਆਂ ਦੁਕਾਨਾਂ, ਡੇਅਰੀ ਫਾਰਮਿੰਗ ਵਰਗੀਆਂ ਗਤੀਵਿਧੀਆਂ ਲਈ 18 ਤੋਂ 55 ਸਾਲ ਦੇ ਪੰਜਾਬ ਦੇ ਵਸਨੀਕ ਯੋਗ ਨੇ । ਇਸ ਤੋਂ ਇਲਾਵਾ ਵਿਦਿਆਰਥੀਆਂ ਨੂੰ ਸਿੱਖਿਆ ਕਰਜ਼ੇ ਵੀ ਦਿੱਤੇ ਜਾਂਦੇ ਨੇ ।